# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 17-10-2024**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਸ਼ਾ, ਸਾਹਿਤ, ਕਲਾ ਅਤੇ ਅਧਿਆਤਮਿਕਤਾ ਵਰਗੇ ਸੱਭਿਆਚਾਰਕ ਥੰਮ੍ਹ, ਰਾਸ਼ਟਰ ਦੀ ਪਛਾਣ ਬਣਾਉਂਦੇ ਨੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਦੇਸ਼ ਜਿੱਥੇ ਵਿਕਾਸ ਦੇ ਰਾਹ 'ਤੇ ਅੱਗੇ ਵੱਧ ਰਿਹਾ ਏ, ਉੱਥੇ ਇਸ ਦੀਆਂ ਜੜ੍ਹਾਂ, ਸਵੈ-ਵਿਸ਼ਵਾਸ ਅਤੇ ਸਵੈ-ਮਾਣ ਨਾਲ ਵੀ ਗਹਿਰਾਈ ਤੋਂ ਜੁੜੀਆਂ ਹੋਈਆਂ ਨੇ। ਅੱਜ ਨਵੀਂ ਦਿੱਲੀ ਵਿੱਚ ਅੰਤਰ-ਰਾਸ਼ਟਰੀ ਅਭਿਧੰਮ ਦਿਵਸ ਸਮਾਗਮ ਦੌਰਾਨ ਬੋਲਦਿਆਂ ਪ੍ਰਧਾਨ ਮੰਤਰੀ ਨੇ ਭਗਵਾਨ ਬੁੱਧ ਦੀਆਂ ਸਿੱਖਿਆਵਾਂ ਦਾ ਜ਼ਿਕਰ ਕੀਤਾ।

**BYTE:**

ਉਨ੍ਹਾਂ ਕਿਹਾ, ਭਾਰਤ ਨੇ ਇੱਕ ਪਰਿਵਰਤਨਕਾਰੀ ਯਾਤਰਾ ਸ਼ੁਰੂ ਕੀਤੀ ਏ ਜਿਸ ਨੂੰ ਅੰਮ੍ਰਿਤ ਕਾਲ ਵਜੋਂ ਜਾਣਿਆ ਜਾਂਦਾ ਏ, ਜੋ ਕਿ

ਸਾਲ 2047 ਵਿੱਚ ਸਮਾਪਤ ਹੋਵੇਗੀ। ਉਨ੍ਹਾਂ ਕਿਹਾ, ਇਹ ਸਮਾਂ ਦੇਸ਼ ਦੇ ਇੱਕ ਵਿਕਸਤ ਭਾਰਤ ਦਾ ਗਵਾਹ ਹੋਵੇਗਾ।

------------------------------------------------------------

ਹਰਿਆਣਾ ਭਾਰਤੀ ਜਨਤਾ ਪਾਰਟੀ ਵਿਧਾਇਕ ਦਲ ਦੇ ਨੇਤਾ ਨਾਇਬ ਸਿੰਘ ਸੈਣੀ ਅੱਜ ਮੁੱਖ ਮੰਤਰੀ ਵਜੋਂ ਸਹੁੰ ਚੁੱਕ ਰਹੇ ਨੇ। ਸਹੁੰ ਚੁੱਕ ਸਮਾਗਮ ਹਰਿਆਣਾ ਦੇ ਪੰਚਕੂਲਾ ਸਥਿਤ ਸ਼ਾਲੀਮਾਰ ਮੈਦਾਨ ਵਿੱਚ ਹੋ ਰਿਹਾ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸਹੁੰ ਚੁੱਕ ਸਮਾਗਮ ਵਿਚ ਸ਼ਿਰਕਤ ਕਰ ਨੇ। ਗੁਜਰਾਤ ਦੇ ਰਾਜਪਾਲ ਆਚਾਰੀਆ ਦੇਵਵਰਤ ਅਤੇ ਮੇਘਾਲਿਆ, ਉੱਤਰ ਪ੍ਰਦੇਸ਼, ਉੜੀਸਾ ਸਮੇਤ ਕਈ ਸੂਬਿਆਂ ਦੇ ਮੁੱਖ ਮੰਤਰੀ ਵੀ ਸਹੁੰ ਚੁੱਕ ਸਮਾਗਮ ਵਿੱਚ ਹਿੱਸਾ ਲੈਣ ਪਹੁੰਚੇ ਨੇ। ਇਸਤੋਂ ਇਲਾਵਾ ਕਈ ਕੇਂਦਰੀ ਮੰਤਰੀ ਵੀ ਪੰਚਕੂਲਾ ਪੁਹੰਚੇ ਨੇ। ਸਹੁੰ ਚੁੱਕਣ ਤੋਂ ਪਹਿਲਾਂ, ਨਾਇਬ ਸੈਣੀ ਨੇ BJP ਪ੍ਰਧਾਨ ਦੇ ਨਾਲ, ਮਾਤਾ ਮਨਸਾ ਦੇਵੀ, ਨਾਡਾ ਸਾਹਿਬ ਅਤੇ ਵਾਲਮੀਕਿ ਮੰਦਰ ਵਿੱਚ ਮੱਥਾ ਟੇਕਿਆ। ਜ਼ਿਕਰਯੋਗ ਏ ਕਈ ਕੱਲ੍ਹ ਵਿਧਾਇਕ ਦਲ ਦੀ ਮੀਟਿੰਗ ਵਿੱਚ ਪਾਰਟੀ ਵਿਧਾਇਕ ਕ੍ਰਿਸ਼ਨ ਕੁਮਾਰ ਬੇਦੀ ਨੇ ਉਨ੍ਹਾਂ ਦੇ ਨਾਮ ਦੀ ਤਜਵੀਜ਼ ਰੱਖੀ

ਅਤੇ ਪਾਰਟੀ ਦੇ ਸੀਨੀਅਰ ਆਗੂ ਅਨਿਲ ਵਿਜ ਨੇ ਇਸ ਦਾ ਸਮਰਥਨ ਕੀਤਾ। ਇਸ ਮੌਕੇ ਕੇਂਦਰੀ ਗ੍ਰਿਹਿ ਮੰਤਰੀ ਅਮਿਤ ਸ਼ਾਹ ਅਤੇ ਮੱਧ ਪ੍ਰਦੇਸ਼ ਦੇ ਮੁੱਖ ਮੰਤਰੀ ਮੋਹਨ ਯਾਦਵ ਕੇਂਦਰੀ ਅਬਜ਼ਰਵਰ ਵਜੋਂ ਹਾਜ਼ਰ ਰਹੇ।

---------------------------------------------------------------

ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ.ਸਿਨਹਾ ਨੇ, ਕੱਲ ਵਿਜੈ ਕੁਮਾਰ ਜੰਜੂਆ ਨੂੰ ਪੰਜਾਬ ਪਾਰਦਰਸ਼ਤਾ ਅਤੇ ਜਵਾਬਦੇਹੀ ਕਮਿਸ਼ਨ ਦੇ ਨਵੇਂ ਚੀਫ਼ ਕਮਿਸ਼ਨਰ ਵਜੋਂ ਸਹੁੰ ਚੁਕਾਈ। 1989 ਬੈਚ ਦੇ ਪੰਜਾਬ ਕੇਡਰ ਦੇ ਸੇਵਾਮੁਕਤ ਆਈ.ਏ.ਐਸ. ਅਧਿਕਾਰੀ ਵਿਜੈ ਕੁਮਾਰ ਜੰਜੂਆ ਨੇ ਪਹਿਲਾਂ ਸੂਬੇ ਦੇ ਮੁੱਖ ਸਕੱਤਰ ਵਜੋਂ ਸੇਵਾਵਾਂ ਨਿਭਾਈਆਂ ਸਨ। ਜ਼ਿਕਰਯੋਗ ਏ ਕਿ ਸ੍ਰੀ ਜੰਜੂਆ ਨੇ ਪੰਜਾਬ ਦੇ ਪੇਂਡੂ ਵਿਕਾਸ, ਉਦਯੋਗ, ਕਿਰਤ, ਪਸ਼ੂ ਪਾਲਣ ਸਮੇਤ ਵੱਖ-ਵੱਖ ਵਿਭਾਗਾਂ ਵਿੱਚ ਵੀ ਕੰਮ ਕੀਤਾ ਏ। ਉਨ੍ਹਾਂ ਨੇ ਭਾਰਤ ਸਰਕਾਰ ਦੇ ਉਦਯੋਗਿਕ ਨੀਤੀ ਅਤੇ ਪ੍ਰੋਤਸਾਹਨ ਵਿਭਾਗ ਵਿੱਚ ਉਦਯੋਗਾਂ ਦੇ ਡਾਇਰੈਕਟਰ ਵਜੋਂ ਤਿੰਨ ਸਾਲ ਸੇਵਾ ਨਿਭਾਈ। ਇਸ ਦੇ ਨਾਲ ਹੀ ਉਨ੍ਹਾਂ ਨੇ ਫਤਹਿਗੜ੍ਹ ਸਾਹਿਬ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ ਵਜੋਂ ਵੀ ਸੇਵਾਵਾਂ ਨਿਭਾਈਆਂ।

----------------------------------------------------------------

BJP ਦੀ ਸੀਨੀਅਰ ਆਗੂ ਪ੍ਰਨੀਤ ਕੌਰ ਅਤੇ BJP ਮਹਿਲਾ ਮੋਰਚਾ ਦੀ ਪ੍ਰਧਾਨ ਜੈ ਇੰਦਰ ਕੌਰ ਨੇ ਪਟਿਆਲਾ ਜ਼ਿਲ੍ਹੇ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ ਦੀ ਨਿਖੇਧੀ ਕਰਦਿਆਂ ਪਟਿਆਲਾ ਦੇ ਐਸ.ਐਸ.ਪੀ ਨਾਨਕ ਸਿੰਘ ਨਾਲ ਮੀਟਿੰਗ ਕਰਕੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਏ । ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਨੀਤ ਕੌਰ ਨੇ ਕਿਹਾ ਕਿ, ਪਟਿਆਲਾ ਵਿੱਚ ਅਪਰਾਧ ਵਿੱਚ ਚਿੰਤਾਜਨਕ ਵਾਧਾ ਦੇਖਣ ਨੂੰ ਮਿਲਿਆ ਏ ਅਤੇ ਅਮਨ ਕਾਨੂੰਨ ਦੀ ਸਥਿਤੀ ਲਗਾਤਾਰ ਵਿਗੜਦੀ ਜਾ ਰਹੀ ਏ । ਇਸ ਮੁੱਦੇ ਉੱਤੇ ਆਪਣੀ ਡੂੰਘੀ ਚਿੰਤਾ ਦਾ ਪ੍ਰਗਟਾਵਾ ਕਰਨ ਲਈ ਉਨ੍ਹਾਂ ਐਸ.ਐਸ.ਪੀ ਨਾਲ ਮੁਲਾਕਾਤ ਕੀਤੀ ਏ ।

----------------------------------------------------------------

ਅੱਜ ਦੇਸ਼ ਭਰ ਵਿੱਚ ਵਾਲਮੀਕਿ ਜੈਅੰਤੀ ਮਨਾਈ ਜਾ ਰਹੀ ਏ । ਇਹ ਰਾਮਾਇਣ ਦੇ ਲੇਖਕ ਮਹਾਰਿਸ਼ੀ ਵਾਲਮੀਕਿ ਦੇ ਜਨਮ ਦਿਨ ਵਜੋਂ ਮਨਾਇਆ ਜਾਂਦਾ ਏ । ਮਹਾਰਿਸ਼ੀ ਵਾਲਮੀਕਿ ਨੂੰ ਸੰਸਕ੍ਰਿਤ ਭਾਸ਼ਾ ਦੇ ਮੂਲ ਕਵੀ ਅਤੇ ਪਹਿਲੇ ਕਵੀ ਵਜੋਂ ਵੀ ਜਾਣਿਆ ਜਾਂਦਾ ਏ । ਵਾਲਮੀਕਿ

ਸੰਪਰਦਾ ਦੇ ਮੈਂਬਰ ਮਹਾਂਰਿਸ਼ੀ ਵਾਲਮੀਕਿ ਨੂੰ, ਭਗਵਾਨ ਦਾ ਦੂਤ ਮੰਨਦੇ ਨੇ ਅਤੇ ਉਨ੍ਹਾਂ ਦੇ ਪ੍ਰਗਟ ਦਿਵਸ ਨੂੰ ਸ਼ਰਧਾ ਨਾਲ ਮਨਾਉਂਦੇ ਨੇ। ਇਸ ਮੌਕੇ ਸ਼ੋਭਾ ਯਾਤਰਾਵਾਂ ਕੱਢੀਆਂ ਜਾ ਰਹੀਆਂ ਨੇ।

-------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਮਹਾਰਿਸ਼ੀ ਵਾਲਮੀਕਿ ਜੈਅੰਤੀ ਮੌਕੇ ਲੋਕਾਂ ਨੂੰ ਵਧਾਈ ਦਿੱਤੀ ਏ। ਮਹਾਰਿਸ਼ੀ ਵਾਲਮੀਕਿ ਜੀ ਨੂੰ ਮਹਾਨ ਰਿਸ਼ੀ ਅਤੇ ਕਵੀ ਦੱਸਦਿਆਂ ਰਾਜਪਾਲ ਨੇ ਕਿਹਾ ਕਿ ਉਨ੍ਹਾਂ ਨੇ ਆਪਣੇ ਮਹਾਨ ਕਾਰਜਾਂ ਰਾਹੀਂ ਸ਼ਾਂਤੀ ਅਤੇ ਨੈਤਿਕਤਾ ਵਰਗੀਆਂ ਕਦਰਾਂ-ਕੀਮਤਾਂ ਨੂੰ ਅਪਣਾਉਣ ਦੀ ਸਿੱਖਿਆ ਦਿੱਤੀ, ਜੋ ਅੱਜ ਵੀ ਸਮਾਜ ਲਈ ਪ੍ਰਸੰਗਿਕ ਨੇ।

-------------------------------------------------------------

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ, ਸੂਬਾ ਵਾਸੀਆਂ ਨੂੰ ਪਵਿੱਤਰ ਰਾਮਾਇਣ ਦੇ ਰਚਨਹਾਰ ਮਹਾਰਿਸ਼ੀ ਭਗਵਾਨ ਵਾਲਮੀਕਿ ਜਯੰਤੀ ਦੀ ਵਧਾਈ ਦਿਤੀ। ਸੋਸ਼ਲ ਮੀਡੀਆ ਪਲੇਟਫਾਰਮ 'ਤੇ ਆਪਣੇ ਵਧਾਈ ਸੰਦੇਸ਼ ਵਿਚ ਮੁੱਖ ਮੰਤਰੀ ਨੇ ਕਿਹਾ ਕਈ ਭਗਵਾਨ ਵਾਲਮੀਕਿ

ਜੀ ਨੇ ਆਪਣੀ ਅਮਰ ਅਤੇ ਉੱਤਮ ਰਚਨਾ "ਰਾਮਾਇਣ" ਨਾਲ ਬੁਰਾਈ ਉੱਤੇ ਚੰਗਿਆਈ ਦੀ ਜਿੱਤ ਦਾ ਸੁਨੇਹਾ ਦਿੱਤਾ।

---------------------------------------------------------

ਏਧਰ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਸੱਦਾ ਦਿੱਤਾ ਏ ਕਿ ਸਾਨੂੰ ਭਗਵਾਨ ਵਾਲਮੀਕਿ ਜੀ ਦੇ ਜੀਵਨ ਤੋਂ ਸਿੱਖਿਆ ਲੈਂਦੇ ਹੋਏ ਜਾਤ-ਬਿਰਾਦਰੀ ਤੋਂ ਉਪਰ ਉਠਕੇ ਸਮਾਜ ਅੰਦਰ ਆਪਸੀ ਭਾਈਚਾਰੇ ਤੇ ਸਦਭਾਵਨਾ ਨਾਲ ਰਹਿਣ ਸਮੇਤ ਇੱਕ ਦੂਜੇ ਦੀ ਮਦਦ ਲਈ ਅੱਗੇ ਆਉਣ ਦਾ ਸੰਕਲਪ ਲੈਣਾ ਚਾਹੀਦਾ ਏ। ਡਾ. ਬਲਬੀਰ ਸਿੰਘ, ਭਗਵਾਨ ਵਾਲਮੀਕਿ ਜੀ ਦੇ ਜਨਮ ਦਿਵਸ ਨੂੰ ਸਮਰਪਿਤ ਪਟਿਆਲਾ ਵਿਖੇ, ਵਾਲਮੀਕਿ ਧਰਮ ਸਭਾ ਵੱਲੋਂ ਕਰਵਾਏ ਗਏ ਵਿਸ਼ਾਲ ਸਤਿਸੰਗ ਤੇ ਸ਼ੋਭਾ ਯਾਤਰਾ ਦੀ ਸਮਾਪਤੀ ਦੇ ਸਮਾਗਮ ਵਿੱਚ ਸ਼ਿਰਕਤ ਕਰਨ ਪੁੱਜੇ ਹੋਏ ਸਨ। ਸਿਹਤ ਮੰਤਰੀ ਨੇ ਉਨ੍ਹਾਂ ਦੇ ਨਾਲ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਵੀ ਮੌਜੂਦ ਰਹੇ।

---------------------------------------------------------

ਓਧਰ ਹੁਸ਼ਿਆਰਪੁਰ ਵਿਖੇ ਭਗਵਾਨ ਵਾਲਮੀਕਿ ਜਥੇਬੰਦੀਆਂ ਵਲੋਂ

ਵੱਖ-ਵੱਖ ਸਭਾ ਸੁਸਾਇਟੀਆਂ ਦੇ ਸਹਿਯੋਗ ਨਾਲ ਵਿਸ਼ਾਲ ਸ਼ੋਭਾ ਯਾਤਰਾ ਕੱਢੀ ਗਈ। ਇਹ ਸ਼ੋਭਾ ਯਾਤਰਾ ਸ਼ਹੀਦ ਊਧਮ ਸਿੰਘ ਪਾਰਕ ਤੋਂ ਸ਼ੁਰੂ ਹੋ ਕੇ ਵੱਖ-ਵੱਖ ਬਾਜ਼ਾਰਾਂ ’ਚੋਂ ਹੁੰਦੀ ਹੋਈ ਦੇਰ ਸ਼ਾਮ ਘੰਟਾ ਘਰ ਵਿਖੇ ਸਮਾਪਤ ਹੋਈ। ਸ਼ੋਭਾ ਯਾਤਰਾ ਦੌਰਾਨ ਭਗਵਾਨ ਵਾਲਮੀਕਿ ਜੀ ਦੇ ਜੀਵਨ ਨਾਲ ਸਬੰਧਿਤ ਵੱਖ-ਵੱਖ ਝਾਕੀਆਂ ਵੀ ਪੇਸ਼ ਕੀਤੀਆਂ ਗਈਆਂ। ਸੰਗਤਾਂ ਨੇ ਫੁੱਲਾਂ ਦੀ ਵਰਖ਼ਾ ਕਰਕੇ ਸ਼ੋਭਾ ਯਾਤਰਾ ਦਾ ਭਰਵਾਂ ਸਵਾਗ਼ਤ ਕੀਤਾ ਵੱਖ-ਵੱਖ ਪ੍ਰਕਾਰ ਦੇ ਲੰਗਰ ਵੀ ਲਾਏ ਗਏ। ਇਸ ਮੌਕੇ ਸਾਬਕਾ ਕੇਂਦਰੀ ਰਾਜ ਮੰਤਰੀ ਸੋਮ ਪ੍ਰਕਾਸ਼, ਸਾਬਕਾ ਕੈਬਨਿਟ ਮੰਤਰੀ ਸੁੰਦਰ ਸ਼ਾਮ ਅਰੋੜਾ, ਸਮੇਤ, ਧਾਰਮਿਕ ਤੇ ਸਮਾਜਿਕ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕਰਦਿਆਂ ਸਾਰਿਆਂ ਨੂੰ ਏਕਤਾ ਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਲਈ ਪ੍ਰੇਰਿਤ ਕੀਤਾ।

---------------------------------------------------------

ਏਅਰ ਡਿਫੈਂਸ ਬ੍ਰਿਗੇਡ ਵੱਲੋਂ ਕਲ ਲੁਧਿਆਣਾ ਵਿਖੇ ਸਾਬਕਾ ਸੈਨਿਕਾਂ ਦੀ ਰੈਲੀ ਕਾਰਵਾਈ ਗਈ। ਇਸ ਪ੍ਰੋਗਰਾਮ ਵਿੱਚ ਵੱਖ-ਵੱਖ ਸੇਵਾਦਾਰ, ਸੇਵਾਮੁਕਤ ਫੌਜੀ ਅਤੇ ਸਿਵਲ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ

ਸ਼ਿਰਕਤ ਕੀਤੀ। ਭਾਰਤੀ ਫੌਜ ਦੇ ਇਸ ਆਊਟਰੀਚ ਪ੍ਰੋਗਰਾਮ ਦਾ ਉਦੇਸ਼, ਸਾਬਕਾ ਸੈਨਿਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਪਤਾ ਲਗਾਉਣਾ, ਸਿਵਲ ਪ੍ਰਸ਼ਾਸਨ ਅਤੇ ਸੀ.ਡੀ.ਏ (ਪੈਨਸ਼ਨ) ਦੀ ਹਾਜ਼ਰੀ ਵਿੱਚ ਉਨ੍ਹਾਂ ਦਾ ਹੱਲ ਕਰਨਾ ਅਤੇ ਨਵੀਆਂ ਭਲਾਈ ਸਕੀਮਾਂ ਬਾਰੇ ਵੀ ਜਾਣਕਾਰੀ ਦੇਣਾ ਸੀ। ਵੱਖ-ਵੱਖ ਸਿਵਲ ਏਜੰਸੀਆਂ ਅਤੇ ਫੌਜ ਦੀਆਂ ਸੰਸਥਾਵਾਂ ਸਮੇਤ ਵੱਖ-ਵੱਖ ਰਿਕਾਰਡ ਦਫਤਰਾਂ ਦੁਆਰਾ ਕਈ ਸਟਾਲ ਲਗਾਏ ਗਏ। ਇਸ ਤੋਂ ਇਲਾਵਾ ਚੁਣੇ ਗਏ ਸਾਬਕਾ ਸੈਨਿਕਾਂ ਅਤੇ ਜੰਗੀ ਵਿਧਵਾਵਾਂ ਨੂੰ ਸਨਮਾਨਿਤ ਕੀਤਾ ਗਿਆ।